# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-08-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਤਕਨਾਲੋਜੀ ਦੀ ਵਰਤੋਂ ਢੁਕਵੇਂ ਤੇ ਟਿਕਾਊ ਵਿਕਾਸ ਅਤੇ ਲੋਕ ਭਲਾਈ ਲਈ ਕੀਤੀ ਜਾਣੀ ਚਾਹੀਦੀ ਏ।
- ਦੇਸ਼ ਭਰ ਵਿੱਚ 23 ਅਗਸਤ ਨੂੰ ਪਹਿਲਾ 'ਰਾਸ਼ਟਰੀ ਪੁਲਾੜ ਦਿਵਸ' ਮਨਾਇਆ ਜਾਵੇਗਾ।
- ਭਾਰਤ ਬੰਦ ਦੇ ਸਦੇ ਦਾ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕੋਈ ਖ਼ਾਸ ਅਸਰ ਵੇਖਣ ਨੂੰ ਨਹੀਂ ਮਿਲਿਆ।
- ਦੇਸ਼ ਦੀ ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ ਵਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਅੱਜ ਕਰਵਾਏ 'ਸੂਫ਼ੀ ਰੰਗ'' ਨੇ ਖੂਬ ਸਮਾਂ ਬਨਿਆ।

---------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਤਕਨਾਲੋਜੀ ਦੀ ਵਰਤੋਂ ਢੁਕਵੇਂ ਅਤੇ ਟਿਕਾਊ ਵਿਕਾਸ ਅਤੇ ਲੋਕ ਭਲਾਈ ਲਈ ਕੀਤੀ ਜਾਣੀ ਚਾਹੀਦੀ ਏ। ਉਨ੍ਹਾਂ ਕਿਹਾ ਕਿ ਇਸ ਦੀ ਦੁਰਵਰਤੋਂ ਵਿਨਾਸ਼ਕਾਰੀ ਹੋ ਸਕਦੀ ਏ। ਅੱਜ, ਫਰੀਦਾਬਾਦ ਵਿੱਚ ਜੇ.ਸੀ ਬੋਸ ਯੂਨੀਵਰਸਿਟੀ ਆਫ ਸਾਇੰਸ ਐਂਡ ਟੈਕਨਾਲੋਜੀ ਦੀ 5ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਮਿਆਰੀ ਸਿੱਖਿਆ, ਖੋਜ ਅਤੇ ਕਾਢਾਂ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪਹਿਲੂਆਂ ਨੂੰ ਨਵੀਂ ਸਿੱਖਿਆ ਨੀਤੀ ਵਿੱਚ ਸ਼ਾਮਲ ਕੀਤਾ ਗਿਆ ਏ।  ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਦੇਸ਼ ਵਿੱਚ ਮਿਆਰੀ ਖੋਜ ਨੂੰ ਉਤਸ਼ਾਹਿਤ ਕਰਨ ਲਈ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਤਹਿਤ ਇੱਕ ਨੈਸ਼ਨਲ ਰਿਸਰਚ ਫਾਊਂਡੇਸ਼ਨ ਦੀ ਸਥਾਪਨਾ ਵੀ ਕੀਤੀ ਗਈ ਏ। ਇਹ ਖੁਸ਼ੀ ਦੀ ਗੱਲ ਏ ਕਿ ਸਾਰੀਆਂ ਪਾਰਟੀਆਂ ਨੇ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਲਾਗੂ ਕਰ ਦਿੱਤੀ ਏ ਅਤੇ ਇਸ ਦੇ ਟੀਚੇ ਅਨੁਸਾਰ ਇੱਥੇ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਏ।

---

ਦੇਸ਼ ਭਰ ਵਿੱਚ 23 ਅਗਸਤ ਨੂੰ ਪਹਿਲਾ 'ਰਾਸ਼ਟਰੀ ਪੁਲਾੜ ਦਿਵਸ' ਮਨਾਇਆ ਜਾਵੇਗਾ। ਇਸ ਸਾਲ ਦਾ ਵਿਸ਼ਾ ''ਚੰਦਰਮਾ ਨੂੰ ਛੂਹੰਦੇ ਹੋਏ ਜੀਵਨ ਨੂੰ ਛੋਹਣਾ-ਭਾਰਤ ਦੀ ਪੁਲਾੜ ਗਾਥਾ'' ਰੱਖਿਆ ਗਿਆ ਏ। ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿਖੇ ਕਰਵਾਏ ਜਾ ਰਹੇ ਮੁਖ ਸਮਾਗਮ ਦਾ ਉਦਘਾਟਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਕਰਨਗੇ। ਪੁਲਾੜ ਰਾਜ ਮੰਤਰੀ ਡਾ: ਜਤਿੰਦਰ ਸਿੰਘ ਨੇ ਅੱਜ ਨਵੀਂ ਦਿੱਲੀ ਵਿਚ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸਾਲ ਇਸ ਦਿਨ ਚੰਦਰਯਾਨ- 3 ਮਿਸ਼ਨ ਦੌਰਾਨ, ਵਿਕਰਮ ਲੈਂਡਰ ਦੀ ਚੰਦਰਮਾ ਦੀ ਸਤ੍ਹਾ 'ਤੇ  ਸੁਰੱਖਿਅਤ ਅਤੇ ਸਾਫਟ ਲੈਂਡਿੰਗ ਹੋਈ ਸੀ। ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤ ਚੰਦਰਮਾ 'ਤੇ ਉਤਰਨ ਵਾਲਾ ਚੌਥਾ ਅਤੇ ਚੰਦਰਮਾ ਦੇ ਦੱਖਣੀ ਧਰੁਵੀ ਖੇਤਰ ਦੇ ਨੇੜੇ ਉਤਰਨ ਵਾਲਾ ਪਹਿਲਾ ਦੇਸ਼ ਬਣਿਆ।

---

ਪੰਜਾਬ BJP ਦੀ ਸੂਬਾ ਪੱਧਰੀ ਮੈਂਬਰਸ਼ਿਪ ਮੁਹਿੰਮ ਸੰਬੰਧੀ ਵਰਕਸ਼ਾਪ

ਅੱਜ ਮੁਹਾਲੀ ਵਿਖੇ ਹੋਈ । ਇਸ ਵਰਕਸ਼ਾਪ ਵਿੱਚ BJP ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਰਾਜ ਸਭਾ ਮੈਂਬਰ ਲਕਸ਼ਮੀਕਾਂਤ ਬਾਜਪਾਈ ਨੇ ਸ਼ਿਰਕਤ ਕੀਤੀ । ਮੀਟਿੰਗ ਵਿਚ ਆਗੂਆਂ ਨੇ ਵਰਕਰਾਂ ਵਿਚਲੇ ਭਾਰੀ ਉਤਸ਼ਾਹ, ਪਹਿਲੀ ਸਤੰਬਰ ਤੋ ਮੈਂਬਰਸ਼ਿਪ ਮੁਹਿੰਮ ਤਹਿਤ ਵੱਧ ਤੋਂ ਵੱਧ ਲੋਕਾਂ ਨੂੰ, ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਣ ਅਤੇ ਪਾਰਟੀ ਨਾਲ ਜੋੜਨ ਦੀ ਗਲ ਕਹੀ । ਕੋਲਕਤਾ ਦੀ ਮਹਿਲਾ ਡਾਕਟਰ ਦੇ ਜਬਰ ਜਨਾਹ ਤੇ ਕਤਲ ਲਈ, ਬੰਗਾਲ ਸਰਕਾਰ ਦੀ ਨਿਖੇਧੀ ਕੀਤੀ ਅਤੇ ਰਾਸਟਰਪਤੀ ਰਾਜ ਲਗਾਓਣ ਦੀ ਮੰਗ ਕੀਤੀ ਗਈ । ਰਾਜ ਸਭਾ ਮੈਂਬਰ ਲਕਸ਼ਮੀ ਕਾਂਤ ਬਾਜਪਾਈ ਨੇ ਹੋਈ ਵਰਕਸ਼ਾਪ ਬਾਰੇ ਕਿਹਾ।

**Byte**

ਔਰਤ ਮੈਬਰਾਂ ਦੀ ਗਿਣਤੀ ਵਿਚ ਵਾਧਾ ਕਰਨ ਦੀ ਗਲ ਕਰਦਿਆਂ, ਜੈ ਇੰਦਰ ਕੌਰ ਨੇ, ਇਕ ਸਤੰਬਰ ਤੋ ਮੈਂਬਰਸ਼ਿਪ ਮੁਹਿੰਮ ਤਹਿਤ ਵੱਧ ਤੋਂ ਵੱਧ ਲੋਕਾਂ ਮਹਿਲਾਵਾਂ ਨੂੰ BJP ਦੀ ਨੀਤੀਆਂ ਤੋਂ ਜਾਣੂ ਕਰਵਾਉਣ ਤੇ ਭਾਰਤੀ ਜਨਤਾ ਪਾਰਟੀ ਨਾਲ ਜੋੜਨ ਦੀ ਗਲ ਕਹੀ।

------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਨਗਰ ਨਿਗਮ ਲੁਧਿਆਣਾ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਉਨ੍ਹਾਂ ਡੇਅਰੀਆਂ 'ਤੇ ਵਾਤਾਵਰਣ ਮੁਆਵਜ਼ਾ ਲਗਾਉਣ ਦੇ ਨਿਰਦੇਸ਼ ਦਿੱਤੇ ਨੇ ਜਿਹੜੇ ਬੁੱਢੇ ਦਰਿਆ ਵਿੱਚ ਪਸ਼ੂਆਂ ਦਾ ਗੋਬਰ ਸੁੱਟ ਕੇ ਪਾਣੀ ਪ੍ਰਦੂਸ਼ਿਤ ਕਰ ਰਹੇ ਨੇ। ਬੁੱਢਾ ਦਰਿਆ ਦੇ ਪੁਨਰ ਸੁਰਜੀਤੀ ਪ੍ਰੋਜੈਕਟ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਨਗਰ ਨਿਗਮ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਪੀ.ਪੀ.ਸੀ.ਬੀ., ਡਰੇਨੇਜ, ਪੇਂਡੂ ਵਿਕਾਸ ਅਤੇ ਹੋਰਾਂ ਦੇ ਅਧਿਕਾਰੀਆਂ ਨਾਲ ਅੱਜ ਲੁਧਿਆਣਾ ਵਿਚ ਇਕ ਮੀਟਿੰਗ ਦੌਰਾਨ ਉਨਾਂ ਬੁੱਢਾ ਦਰਿਆ ਦੀ ਸਫਾਈ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਬੁੱਢਾ ਦਰਿਆ ਦੀ ਸਫਾਈ ਲਈ ਸਰਕਾਰੀ ਫੰਡਾਂ ਦੀ ਵਰਤੋਂ ਕੀਤੀ ਜਾ ਰਹੀ ਏ ਅਤੇ ਇਸ ਪ੍ਰਦੂਸ਼ਣ ਨੂੰ ਰੋਕਣ ਲਈ ਅਧਿਕਾਰੀਆਂ ਨੂੰ ਸਖ਼ਤ ਕਦਮ ਚੁੱਕਣੇ ਚਾਹੀਦੇ ਨੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੋਸ਼ੀ ਪਾਏ ਜਾਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਏ

। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਉਹ ਬੁੱਢਾ ਦਰਿਆ ਦੇ ਕਿਨਾਰਿਆਂ 'ਤੇ ਪਸ਼ੂ ਚਰਾਉਣ 'ਤੇ ਪਾਬੰਦੀ ਲਗਾਉਣ ਜਿੱਥੇ ਹਾਲ ਹੀ ਦੇ ਮਹੀਨਿਆਂ ਵਿੱਚ ਬੂਟੇ ਲਗਾਏ ਗਏ ਨੇ।

-------------------------------------------------

ਰਾਖਵਾਂਕਰਨ ਬਚਾਓ ਸੰਘਰਸ਼ ਸਮਿਤੀ ਵੱਲੋਂ ਅੱਜ ਦਿੱਤੇ ਗਏ ਭਾਰਤ ਬੰਦ ਦੇ ਸਦੇ ਦਾ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੋਈ ਖ਼ਾਸ ਅਸਰ ਵੇਖਣ ਨੂੰ ਨਹੀਂ ਮਿਲਿਆ। ਜਲੰਧਰ ਸਮੇਤ ਸੂਬੇ ਦੇ ਵੱਖ ਵੱਖ ਸ਼ਹਿਰਾਂ ਵਿਚ ਜਨ ਜੀਵਨ ਪੂਰੀ ਤਰ੍ਹਾਂ ਨਾਲ ਆਮ ਵਾਂਗ ਰਿਹਾ। ਸਾਰੇ ਬਾਜ਼ਾਰ ਤੇ ਹੋਰ ਵਪਾਰਕ ਅਦਾਰੇ ਖੁਲੇ ਰਹੇ ਤੇ ਬਾਜ਼ਾਰਾਂ ਵਿਚ ਖ਼ੂਬ ਰੌਣਕ ਰਹੀ। ਸੜਕਾਂ ਤੇ ਵੀ ਆਵਾਜਾਈ ਆਮ ਦਿਨਾਂ ਵਾਂਗ ਚਲਦੀ ਰਹੀ।  ਗੁਰਦਾਸਪੁਰ ਵਿੱਚ ਸਵੇਰ ਤੋਂ ਹੀ ਆਮ ਵਾਂਗ ਦੁਕਾਨਾਂ ਖੁਲੀਆਂ। ਦੁਕਾਨਦਾਰਾਂ ਤੇ ਵਪਾਰ ਮੰਡਲ ਦੇ ਜਿਲ ਪ੍ਰਧਾਨ ਦਰਸ਼ਨ ਮਹਾਜਨ ਨੇ ਸਾਰੀਆਂ ਜਥੇਬੰਦੀਆਂ ਨੂੰ ਅਪੀਲ ਕੀਤੀ ਸੀ ਕਿ ਦੁਕਾਨਾਂ ਅਤੇ ਬਾਜ਼ਾਰ ਬੰਦ ਕਰਾਉਣੇ ਕਿਸੇ ਵੀ ਸੰਘਰਸ਼ ਦੀ ਕਾਮਯਾਬੀ ਦਾ ਹਿੱਸਾ ਨਹੀਂ ਬਣਦੇ। ਇਸ ਨਾਲ ਕੋਈ ਫਾਇਦਾ ਨਹੀਂ ਸਗੋਂ ਸਿਰਫ ਨੁਕਸਾਨ ਹੀ ਹੁੰਦਾ ਏ।

---------------------------------------------------------------

ਭਾਰਤੀ ਸਕਿਓਰਿਟੀਜ ਅਤੇ ਐਕਸਚੇਂਜ ਬੋਰਡ ਸੇਬੀ ਅਤੇ ਨੈਸ਼ਨਲ ਸਟਾਕ ਐਕਸਚੇਂਜ ਐਨ.ਐਸ.ਈ. ਦੀ ਅਗਵਾਈ ਹੇਠ ਨਿਵੇਸ਼ਕਾਂ ਲਈ ਜਾਗਰੂਕਤਾ ਸੈਮੀਨਾਰ ਅੱਜ ਕਰਵਾਇਆ ਗਿਆ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸੀਨੀਅਰ ਅਧਿਕਾਰੀਆਂ ਨੇ ਇਸ ਵਿਚ ਹਿੱਸਾ ਲਿਆ। ਸੈਮੀਨਾਰ ਦਾ ਮੁੱਖ ਉਦੇਸ਼ ਸੇਬੀ ਵੱਲੋਂ ਨਿਵੇਸ਼ਕਾਂ ਦੇ ਹਿੱਤਾਂ ਲਈ ਚੁੱਕੇ ਗਏ ਕਦਮਾਂ ਬਾਰੇ ਚਾਨਣਾ ਪਾਉਣਾ ਅਤੇ ਸਹੀ ਵਿੱਤੀ ਯੋਜਨਾਵਾਂ ਤਿਆਰ ਕਰਕੇ ਸਕਿਓਰਿਟੀਜ ਬਾਰੇ ਜਾਣਕਾਰੀ ਦੇਣਾ ਰਿਹਾ। ਪ੍ਰੋਗਰਾਮ ਦਾ ਆਗਾਜ਼ ਨੈਸ਼ਨਲ ਐਕਸਚੇਂਜ ਤੋਂ ਸ਼ਿਵਮ ਜਿੰਦਲ, ਉਪ ਪ੍ਰਬੰਧਕ, ਨਿਆਮਕ ਵੱਲੋਂ ਕੀਤਾ ਗਿਆ ਅਤੇ ਉਨਾਂ ਜਿੰਦਗੀ ਦੇ ਵੱਖ-ਵੱਖ ਮੌਕਿਆਂ 'ਤੇ ਬੱਚਤ ਦੇ ਢੰਗ-ਤਰੀਕੇ ਤੇ ਨਿਵੇਸ਼ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਇਹ ਵੀ ਦੱਸਿਆ ਕਿ ਸੇਬੀ ਵਲੋਂ ਨਿਵੇਸ਼ਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੇਂ ਦਿਸ਼ਾ ਨਿਰਦੇਸ਼ ਜਾਰੀ ਕੀਤੇ ਜਾ ਰਹੇ ਨੇ। ਪ੍ਰਤੀਭੂਤੀ ਬਾਜ਼ਾਰ ਵਿੱਚ ਕਿਸੇ ਵੀ ਏਜੰਟ, ਦਲਾਲ, ਕੰਪਨੀ, ਮਰਚੈਂਟ ਬੈਂਕ ਆਦਿ ਦੁਆਰਾ ਨਿਵੇਸ਼ਕਾਂ ਨਾਲ ਧੋਖਾਧੜੀ ਕੀਤੇ ਜਾਣ 'ਤੇ ਵੀ ਸੇਬੀ ਵੱਲੋ ਸਖ਼ਤ ਕਦਮ

ਚੁੱਕੇ ਗਏ ਨੇ ਅਤੇ ਨਿਵੇਸ਼ਕ ਵੈੱਬਸਾਈਟ 'ਤੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਨੇ।

---------------------------------------------------------

ਦੇਸ਼ ਦੀ ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ ਵਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਅੱਜ ਸੰਗੀਤ ਸਮਾਗਮ 'ਸੂਫ਼ੀ ਰੰਗ'' ਕਰਵਾਇਆ ਗਿਆ। ਯੂਨੀਵਰਸਿਟੀ ਦੇ ਡੀਨ ਸਟੂਡੈਂਟ ਵੈਲਫੇਅਰ ਸੌਰਭ ਲਖਨਪਾਲ ਇਸ ਦੇ ਮੁੱਖ ਮਹਿਮਾਨ ਰਹੇ। ਪ੍ਰੋਗਰਾਮ ਦਾ ਉਦੇਸ਼, ਵਿਦਿਆਰਥੀਆਂ ਨੂੰ ਆਜ਼ਾਦੀ ਦੇ ਜਸ਼ਨਾਂ ਵਿੱਚ ਸ਼ਾਮਲ ਕਰਨਾ ਅਤੇ ਉਨ੍ਹਾਂ ਨੂੰ ਭਾਰਤ ਦੇ ਸਾਂਝੇ ਸੱਭਿਆਚਾਰ ਦੇ ਇਕ ਹਿੱਸੇ, ਸੂਫੀ ਸੰਗੀਤ ਤੋਂ ਜਾਣੂ ਕਰਵਾਉਣਾ ਰਿਹਾ।

**ਹੋਰ ਵੇਰਵੇ ਨਾਲ ਇਹ ਰਿਪੋਰਟ--*ਸੂਫੀ ਰੰਗ ਦੀ ਇਹ ਮਹਿਫ਼ਿਲ, ਮੌਕਾ ਰਿਹਾ ਆਕਾਸ਼ਵਾਣੀ ਜਲੰਧਰ ਵਲੋਂ ਕਰਵਾਏ ਗਏ ਸੂਫੀ ਰੰਗ ਸਮਾਗਮ ਦਾ ਅਤੇ ਇਸ ਦਾ ਗਵਾਹ ਬਣਿਆ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦਾ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ। ਕਲਾਕਾਰ ਯਾਕੂਬ ਨੇ ਆਪਣੀ ਸੂਫ਼ੀਆਨਾ ਗਾਇਕੀ ਨਾਲ ਖ਼ੂਬ ਸਮਾਂ ਬਣਿਆ।***

***Hold***

***ਮਗਰੋਂ ਹੀਰ ਰਜ਼ਾ ਨੇ ਆਪਣੇ ਸੂਫ਼ੀਆਨਾ ਅੰਦਾਜ਼ ਨਾਲ ਸਰੋਤਿਆਂ ਨੂੰ ਕੀਲ ਲਿਆ ।***

***Hold***

***ਇਹ ਸਮਾਗਮ ਆਜ਼ਾਦੀ ਦੀ 77ਵੀਂ ਵਰੇਗੰਢ ਨੂੰ ਸਮਰਪਤ ਰਿਹਾ । ਇਸ ਮੌਕੇ ਡਿਪਟੀ ਡਾਇਰੈਕਟਰ ਇੰਜੀਨੀਅਰਿੰਗ ਗੁਰਨਾਮ ਸਿੰਘ, ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਅਨਿਲ ਕੁਮਾਰ ਸੰਧੂ ਸਮੇਤ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਰਹੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ ਜਲੰਧਰ।***

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਚੱਲ ਰਹੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਿਹਗੜ੍ਹ ਸਾਹਿਬ ਦੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਕਲਕੱਤਾ ਵਿਖੇ ਮਹਿਲਾ ਡਾਕਟਰ ਨਾਲ ਜਬਰ ਜਨਾਹ ਤੇ ਕ਼ਤਲ ਖਿਲਾਫ ਰੋਸ ਮਾਰਚ

ਕੱਢਿਆ ਗਿਆ। ਇਹ ਰੋਸ ਮਾਰਚ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਿਹਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਫਤਿਹਗੜ੍ਹ ਸਾਹਿਬ ਵਿਖੇ ਆ ਕੇ ਸਮਾਪਤ ਹੋਇਆ, ਜਿੱਥੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਮ੍ਰਿਤਕ ਮਹਿਲਾ ਡਾਕਟਰ ਦੇ ਇਨਸਾਫ ਦੀ ਮੰਗ ਕੀਤੀ ਗਈ। ਰੋਸ ਮਾਰਚ ਮਗਰੋਂ ਵੱਖ ਵੱਖ ਬੁਲਾਰਿਆਂ, ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਕਿਹਾ ਕੇ ਅਜਿਹੀ ਘਟਨਾ ਭਵਿੱਖ ਵਿੱਚ ਕਿਤੇ ਨਾ ਵਾਪਰੇ, ਇਸ ਲਈ ਮਹਿਲਾ ਡਾਕਟਰ ਦੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਨੇ। ਉਹਨਾਂ ਕਿਹਾ ਕਿ ਔਰਤਾਂ ਦੀ ਸੁਰੱਖਿਆ ਹਰ ਖੇਤਰ ਵਿੱਚ ਯਕੀਨੀ ਬਣਾਈ ਜਾਣੀ ਚਾਹੀਦੀ ਏ ਤਾਂ ਜੋ ਔਰਤਾਂ ਆਪਣੇ ਆਪ ਨੂੰ ਦੂਜਿਆਂ ਤੋਂ ਮਹਿਫੂਜ ਸਮਝ ਸਕਣ।

---------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਤਕਨਾਲੋਜੀ ਦੀ ਵਰਤੋਂ ਢੁਕਵੇਂ ਤੇ ਟਿਕਾਊ ਵਿਕਾਸ ਅਤੇ ਲੋਕ ਭਲਾਈ ਲਈ ਕੀਤੀ ਜਾਣੀ ਚਾਹੀਦੀ ਏ।
- ਦੇਸ਼ ਭਰ ਵਿੱਚ 23 ਅਗਸਤ ਨੂੰ ਪਹਿਲਾ 'ਰਾਸ਼ਟਰੀ ਪੁਲਾੜ ਦਿਵਸ' ਮਨਾਇਆ ਜਾਵੇਗਾ।
- ਭਾਰਤ ਬੰਦ ਦੇ ਸਦੇ ਦਾ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕੋਈ ਖ਼ਾਸ ਅਸਰ ਵੇਖਣ ਨੂੰ ਨਹੀਂ ਮਿਲਿਆ।
- ਦੇਸ਼ ਦੀ ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ ਵਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਅੱਜ ਕਰਵਾਏ 'ਸੂਫ਼ੀ ਰੰਗ'' ਨੇ ਖ਼ੂਬ ਸਮਾਂ ਬਨਿਆ।